# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 17-04-2025**

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਹਾਲ ਹੀ 'ਚ ਰਾਸ਼ਟਰਪਤੀ ਨੂੰ ਬਿੱਲਾਂ 'ਤੇ ਫੈਸਲਾ ਲੈਣ ਲਈ ਸਮਾਂ ਹੱਦ ਨਿਰਧਾਰਤ ਕਰਨ ਵਾਲੇ, ਸਰਵਉੱਚ ਅਦਾਲਤ ਦੇ ਫੈਸਲੇ 'ਤੇ ਚਿੰਤਾ ਪ੍ਰਗਟ ਕੀਤੀ ਏ।
- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ,86ਵੇਂ CRPF ਸਥਾਪਨਾ ਦਿਵਸ ਮੌਕੇ, ਜਵਾਨਾਂ ਦੀ ਬਹਾਦਰੀ ਦੀ ਸ਼ਲਾਘਾ ਕਰਦਿਆਂ ਕਿਹਾ ਉਨ੍ਹਾਂ ਦੀ ਬਹਾਦਰੀ ਦੇਸ਼ ਦੇ ਇਤਿਹਾਸ ਵਿੱਚ ਅਮਰ ਰਹੇਗੀ।
- ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੰਜਾਬ ਵਿੱਚ 6 ਵੈਟਰਨਰੀ ਪੌਲੀਕਲੀਨਿਕਾਂ ਵਿੱਚ ਆਈ.ਪੀ.ਡੀ. ਸੇਵਾਵਾਂ ਦੀ ਸ਼ੁਰੂਆਤ I
- 9ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਮੌਕੇ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਗਿਆ ਨਗਰ ਕੀਰਤਨ ਭਲਕੇ ਗੁਰਦੁਆਰਾ ਗੁਰੂ ਕੇ ਮਹਿਲ ਤੋਂ ਹੋਵੇਗੀ 350 ਸਾਲਾ ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ I

- ਜਲੰਧਰ ਪੁਲਿਸ ਨੇ ਬੀਤੇ ਮਹੀਨੇ ਸ਼ਹਿਰ ਦੇ ਇੱਕ ਸੋਸ਼ਲ ਮੀਡੀਆ ਇੰਫਲੂਐਂਸਰ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਦੇ ਸਬੰਧ ਵਿੱਚ, ਇਕ ਫੌਜੀ ਜਵਾਨ ਨੂੰ ਕੀਤਾ ਗ੍ਰਿਫ਼ਤਾਰ I

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਹਾਲ ਹੀ 'ਚ ਰਾਸ਼ਟਰਪਤੀ ਨੂੰ ਬਿੱਲਾਂ 'ਤੇ ਫੈਸਲਾ ਲੈਣ ਲਈ ਸਮਾਂ ਹੱਦ ਨਿਰਧਾਰਤ ਕਰਨ ਵਾਲੇ, ਸਰਵਉੱਚ ਅਦਾਲਤ ਦੇ ਫੈਸਲੇ 'ਤੇ ਚਿੰਤਾ ਪ੍ਰਗਟ ਕੀਤੀ ਏ । ਉਨ੍ਹਾਂ ਕਿਹਾ ਕਿ ਭਾਰਤ ਨੇ ਅਜਿਹੇ ਲੋਕਤੰਤਰ ਦੀ ਕਲਪਨਾ ਵੀ ਨਹੀਂ ਕੀਤੀ ਸੀ, ਜਿੱਥੇ ਜੱਜ ਕਾਨੂੰਨ ਬਣਾਉਣਗੇ , ਕਾਰਜਕਾਰੀ ਕਾਰਜ ਕਰਨਗੇ ਅਤੇ ਇੱਕ ਸੁਪਰ ਸਸੰਦ ਵਜੋਂ ਕੰਮ ਕਰਨਗੇ । ਸ਼੍ਰੀ ਧਨਖੜ ਨੇ ਅੱਜ ਨਵੀਂ ਦਿੱਲੀ ਸਥਿਤ ਉਪ ਰਾਸ਼ਟਰਪਤੀ ਐਨਕਲੇਵ ਵਿਖੇ ਰਾਜ ਸਭਾ ਦੇ ਸਿਖਿਆਰਥੀਆਂ ਦੇ 6ਵੇਂ ਬੈਚ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ। ਉਨ੍ਹਾਂ ਕਿਹਾ ਕਿ ਸੱਤਾ ਦੀ ਵਰਤੋਂ ਕਰਦੇ ਸਮੇਂ ਇੱਕ ਵਿਅਕਤੀ ਨੂੰ ਬਹੁਤ ਸੰਵੇਦਨਸ਼ੀਲ ਹੋਣਾ ਚਾਹੀਦਾ ਏ । ਉਪ ਰਾਸ਼ਟਰਪਤੀ ਦਾ ਇਹ ਬਿਆਨ, ਸਰਵਉੱਚ ਅਦਾਲਤ ਦੇ ਰਾਸ਼ਟਰਪਤੀ ਅਤੇ ਰਾਜਪਾਲਾਂ ਲਈ ਬਿੱਲਾਂ ਨੂੰ ਮਨਜ਼ੂਰੀ ਦੇਣ ਲਈ ਇੱਕ ਸਮਾਂ ਹੱਦ ਨਿਰਧਾਰਤ ਕਰਨ ਦੇ ਫੈਸਲੇ ਤੋਂ ਕੁਝ ਦਿਨ ਬਾਅਦ ਆਇਆ ਏ । ਸ਼੍ਰੀ ਧਨਖੜ ਨੇ ਕਿਹਾ ਕਿ ਲੋਕਾਂ ਵਲੋਂ ਚੁਣੀ ਗਈ ਸਰਕਾਰ, ਸੰਸਦ ਪ੍ਰਤੀ ਜਵਾਬਦੇਹ ਹੁੰਦੀ ਏ ਅਤੇ ਕੋਈ ਵੀ ਵਿਅਕਤੀ ਸਵਾਲ ਪੁੱਛ ਸਕਦਾ ਏ । ਪਰ ਜੇਕਰ ਇਹ ਕਾਰਜਕਾਰੀ

ਸ਼ਾਸ਼ਨ ਨਿਆਂਪਾਲਿਕਾ ਦਾ ਹੋਣ ਤੇ ਕੋਈ ਸਵਾਲ ਕਿਵੇਂ ਪੁੱਛ ਸਕਦਾ ਏ ਅਤੇ ਕਿਸ ਨੂੰ ਇਸਦਾ ਜਵਾਬਦੇਹ ਠਹਿਰਾ ਸਕਦਾ ਏ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਏ ਜਦੋਂ ਤਿੰਨੋਂ ਸੰਸਥਾਵਾਂ - ਵਿਧਾਨ ਸਭਾ, ਨਿਆਂਪਾਲਿਕਾ ਅਤੇ ਕਾਰਜਪਾਲਿਕਾ - ਨੂੰ ਵਧਣਾ-ਫੁੱਲਣਾ ਚਾਹੀਦਾ ਏ।

--------------------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਮਾਰਚ 2026 ਤੱਕ ਦੇਸ਼ ਵਿੱਚੋਂ ਨਕਸਲਵਾਦ ਪੂਰੀ ਤਰ੍ਹਾਂ ਖਤਮ ਹੋ ਜਾਵੇਗਾ ਅਤੇ ਸੀ.ਆਰ.ਪੀ.ਐਫ ਜਵਾਨ ਇਸ ਵਿੱਚ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਸ੍ਰੀ ਸ਼ਾਹ ਅੱਜ ਮੱਧ ਪ੍ਰਦੇਸ਼ ਦੇ ਨੀਮਚ ਵਿੱਚ ਕੇਂਦਰੀ ਰਿਜ਼ਰਵ ਪੁਲਿਸ ਬਲ CRPF ਦੇ 86ਵੇਂ ਸਥਾਪਨਾ ਦਿਵਸ ਮੌਕੇ ਆਯੋਜਿਤ ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਕੋਬਰਾ ਬਟਾਲੀਅਨ ਦੇ ਜਵਾਨ ਦੇਸ਼ ਨੂੰ ਨਕਸਲ ਮੁਕਤ ਬਣਾਉਣ ਵਿੱਚ ਬੇਮਿਸਾਲ ਕੰਮ ਕਰ ਰਹੇ ਨੇ ਅਤੇ ਉਨ੍ਹਾਂ ਦੀ ਅਦੁੱਤੀ ਹਿੰਮਤ ਸਦਕਾ ਹੀ ਦੇਸ਼ ਦਾ ਨਕਸਲਵਾਦ ਤੋਂ ਪੂਰੀ ਆਜ਼ਾਦੀ ਪ੍ਰਾਪਤ ਕਰਨ ਦਾ ਇਰਾਦਾ ਪੂਰਾ ਹੋਵੇਗਾ। ਸ੍ਰੀ ਸ਼ਾਹ ਨੇ ਕਿਹਾ ਕਿ ਸੀ.ਆਰ.ਪੀ.ਐਫ ਜਵਾਨ ਦੇਸ਼ ਦੀ ਸੇਵਾ ਲਈ ਸਰਵਉੱਚ ਕੁਰਬਾਨੀ ਦੇ ਰਹੇ ਹਨ।

**BYTE:**

ਦੇਸ਼ ਦੇ ਅਮਰ ਸ਼ਹੀਦਾਂ ਦੀ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ

ਕਰਦਿਆਂ,ਅਮਿਤ ਸ਼ਾਹ ਨੇ ਕਿਹਾ ਕਿ ਸੁਰੱਖਿਆ ਬਲਾਂ ਦੇ ਅਮਰ ਸ਼ਹੀਦਾਂ ਦੀ ਬਹਾਦਰੀ ਦੀ ਗਾਥਾ ਦੇਸ਼ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖੀ ਜਾਵੇਗੀ। ਸ਼ਹੀਦ ਸੀ.ਆਰ.ਪੀ.ਐਫ ਜਵਾਨਾਂ ਦੇ ਪਰਿਵਾਰਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਦੇਸ਼ ਮਜ਼ਬੂਤ ਅਤੇ ਖੁਸ਼ਹਾਲ ਹੋ ਰਿਹਾ ਏ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਇਸ ਵਿੱਚ ਬੇਮਿਸਾਲ ਯੋਗਦਾਨ ਏ ।**BYTE:**

---------------------------------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਨੂੰ ਬਿਹਤਰੀਨ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣ ਲਈ ਅੱਜ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਬਾਦਲ ਵਿਖੇ ਸਰਕਾਰੀ ਵੈਟਰਨਰੀ ਪੌਲੀਕਲੀਨਿਕ ਵਿਖੇ ਅਤਿ-ਆਧੁਨਿਕ ਇਨ-ਪੇਸ਼ੈਂਟ ਡਿਪਾਰਟਮੈਂਟ-IPD ਵਾਰਡ ਦਾ ਉਦਘਾਟਨ ਕੀਤਾ । ਇਸ ਦੇ ਨਾਲ ਹੀ ਸੂਬੇ ਭਰ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਪਸ਼ੂਆਂ ਲਈ ਇਨ-ਪੇਸ਼ੈਂਟ ਡਿਪਾਰਟਮੈਂਟ ਸੇਵਾਵਾਂ ਸ਼ੁਰੂ ਹੋ ਗਈਆਂ ਨੇ । ਇਕੱਠ ਨੂੰ ਸੰਬੋਧਨ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪਟਿਆਲਾ, ਅੰਮ੍ਰਿਤਸਰ, ਸੰਗਰੂਰ, ਗੁਰਦਾਸਪੁਰ ਅਤੇ ਲੁਧਿਆਣਾ ਦੇ ਵੈਟਰਨਰੀ ਪੌਲੀ-ਕਲੀਨਿਕਾਂ ਵਿੱਚ ਵੀ ਇਨਡੋਰ ਸੇਵਾਵਾਂ ਸ਼ੁਰੂ ਕਰਨ ਲਈ ਸਾਰੇ

ਲੋੜੀਂਦੇ ਉਪਕਰਣ ਪ੍ਰਦਾਨ ਕੀਤੇ ਜਾ ਚੁੱਕੇ ਨੇ । ਇਨ੍ਹਾਂ ਪੌਲੀਕਲੀਨਿਕਾਂ ਵਿੱਚ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਲਈ ਕਈ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਗੰਭੀਰ ਬਿਮਾਰੀ ਪ੍ਰਬੰਧਨ, ਸਰਜਰੀਆਂ, ਪੋਸਟ-ਆਪਰੇਟਿਵ ਦੇਖਭਾਲ,ਰੋਜ਼ਾਨਾਜਾਂਚ , ਇਗਨੋਸਿਸ ਅਤੇ ਹੋਰ ਸੇਵਾਵਾਂ ਸ਼ਾਮਲ ਨੇ ।ਅੱਜ ਛੇ ਪੌਲੀ-ਕਲੀਨਿਕਾਂ ਵਿੱਚ ਸ਼ੁਰੂ ਕੀਤੀਆਂ ਗਈਆਂ ਆਈ.ਪੀ.ਡੀ ਸੇਵਾਵਾਂ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਪੌਲੀਕਲੀਨਿਕ ਪਸ਼ੂ ਪਾਲਕਾਂ ਨੂੰ ਉਨ੍ਹਾਂ ਦੇ ਪਸ਼ੂਆਂ ਲਈ ਲੋੜੀਂਦੀ ਦੇਖਭਾਲ ਅਤੇ ਇਲਾਜ ਪ੍ਰਦਾਨ ਕਰਨਗੇ। ਪਹਿਲਾਂ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਸਹੂਲਤਾਂ ਦੀ ਘਾਟ ਕਾਰਨ ਪਸ਼ੂ ਪਾਲਕਾਂ ਨੂੰ ਜਾਨਵਰਾਂ ਦੀਆਂ ਸਰਜਰੀਆਂ ਤੋਂ ਬਾਅਦ ਕਈ ਚੁਣੌਤੀਆਂ ਦਰਪੇਸ਼ ਆਉਂਦੀਆਂ ਸਨ। ਕਈ ਵਾਰ ਟਾਂਕੇ ਖਰਾਬ ਹੋਣ, ਟਾਂਕੇ ਖੁੱਲ੍ਹ ਜਾਣ, ਇਨਫੈਕਸ਼ਨ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਕਈ ਵਾਰੀ ਤਾਂ ਜਾਨਵਰਾਂ ਦੀ ਮੌਤ ਵੀ ਹੋ ਜਾਂਦੀ ਸੀ, ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਸੀ। ਕਿਸਾਨਾਂ ਕੋਲ ਅਕਸਰ ਆਪਣੇ ਪਸ਼ੂਆਂ ਦਾ ਇਲਾਜ ਕਰਵਾਉਣ ਲਈ ਢੁਕਵੇਂ ਸਾਧਨਾਂ ਦੀ ਵੀ ਘਾਟ ਸੀ। ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਲਈ ਇਹ ਆਈ.ਪੀ.ਡੀ ਵਾਰਡ ਸਥਾਪਤ ਕੀਤੇ ਨੇ। ਗੁਰਮੀਤ ਸਿੰਘ ਖੁੱਡੀਆਂ ਨੇ ਪਸ਼ੂ ਮਾਲਕਾਂ ਨੂੰ ਪਸ਼ੂਆਂ

ਨੂੰ ਮੂੰਹ-ਖੁਰ ਬਿਮਾਰੀ  ਤੋਂ ਬਚਾਉਣ ਲਈ ਟੀਕਾਕਰਨ ਕਰਵਾਉਣ ਦੀ ਅਪੀਲ ਵੀ ਕੀਤੀ।

---------------------------------------------------------------------------

ਫਰਾਂਸ ਦੇ ਰਾਜਦੂਤ ਥੈਰੀ ਮਾਥੂ  ਅੱਜ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ।ਇਸ ਮਗਰੋਂ  ਉਨ੍ਹਾਂ ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੀ ਗਏ। ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਸਕੱਤਰ  ਪ੍ਰਤਾਪ ਸਿੰਘ ਤੇ ਹੋਰਾਂ ਵੱਲੋਂ ਉਨ੍ਹਾਂ ਨੂੰ  ਸ੍ਰੀ ਦਰਬਾਰ ਸਾਹਿਬ ਦਾ ਸੁਨਹਿਰੀ ਮਾਡਲ, ਲੋਈ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਰਾਜਦੂਤ ਥੈਰੀ ਮਾਥੂ ਨੇ ਕਿਹਾ ਕਿ ਉਹ ਇਸ ਪਵਿੱਤਰ ਅਸਥਾਨ ’ਤੇ ਆ ਕੇ ਸੁਭਾਗ ਮਹਿਸੂਸ ਕਰ ਰਹੇ ਨੇ  । ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਮਿਲੇ ਸਨਮਾਨ ਲਈ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

---------------------------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਸਬੰਧੀ ਅੰਮ੍ਰਿਤਸਰ ਸਥਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਨਗਰ ਕੀਰਤਨ ਸਜਾਇਆ ਗਿਆ । ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ

ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੌਰਾਨ ਗਤਕਾ ਪਾਰਟੀਆਂ ਨੇ, ਸਿੱਖ ਜੰਗਜੂ ਕਲਾ ਦਾ ਪ੍ਰਗਟਾਵਾ ਕੀਤਾ ਅਤੇ ਬੈਂਡ ਪਾਰਟੀਆਂ ਨੇ ਮਨੋਹਰ ਧੁਨਾਂ ਨਾਲ ਨਗਰ ਕੀਰਤਨ ਦੀ ਸ਼ੋਭਾ ਵਧਾਈ । ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ । ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਕੱਲ ਨੂੰ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸੁੰਦਰ ਜਲੌਅ ਵੀ ਸਜਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਸਾਲ ਨਵੰਬਰ ਵਿਚ ਮਨਾਈ ਜਾ ਰਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ

ਸ਼ਤਾਬਦੀ ਸਮਾਗਮਾਂ ਦੀ ਆਰੰਭਤਾ ਵੀ ਕੀਤੀ ਜਾਵੇਗੀ।

------------------------------------------------------------------------

ਜਲੰਧਰ ਪੁਲਿਸ ਨੇ ਪਿਛਲੇ ਮਹੀਨੇ ਸ਼ਹਿਰ ਦੇ ਇੱਕ ਸੋਸ਼ਲ ਮੀਡੀਆ ਇੰਫਲੂਐਂਸਰ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਦੀ ਘਟਨਾ ਦੇ ਸਬੰਧ ਵਿੱਚ, ਫੌਜ ਦੇ ਇੱਕ ਜਵਾਨ ਨੂੰ ਗ੍ਰਿਫ਼ਤਾਰ ਕੀਤਾ ਏ । ਜਲੰਧਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਹਰਵਿੰਦਰ ਸਿੰਘ ਵਿਰਕ ਨੇ ਖੁਲਾਸਾ ਕੀਤਾ ਕਿ ਫੌਜ ਦਾ ਜਵਾਨ, 15 ਅਤੇ 16 ਮਾਰਚ ਦੀ ਦਰਮਿਆਨੀ ਰਾਤ ਨੂੰ ਇੰਫਲੂਐਂਸਰ ਦੇ ਘਰ 'ਤੇ ਹੈਂਡ ਗ੍ਰਨੇਡ ਚਲਾਉਣ ਅਤੇ ਸੁੱਟਣ ਲਈ ਇੱਕ ਦੋਸ਼ੀ ਨੂੰ ਕਥਿਤ ਤੌਰ 'ਤੇ ਔਨਲਾਈਨ ਸਿਖਲਾਈ ਦੇਣ ਲਈ ਜ਼ਿੰਮੇਵਾਰ ਸੀ। ਹਾਲਾਂਕਿ, ਹਮਲੇ ਵਿੱਚ ਕੋਈ ਵੀ ਜ਼ਖਮੀ ਨਹੀਂ ਹੋਇਆ। **BYTE:** ਗ੍ਰਿਫਤਾਰ ਕੀਤੇ ਗਏ ਜਵਾਨ ਨੂੰ ਅੱਜ ਜਲੰਧਰ ਦੀ ਇੱਕ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਉਸਨੂੰ ਪੰਜ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਗਿਆ ਏ । ਫੌਜ ਦੇ ਅਧਿਕਾਰੀਆਂ ਨੂੰ ਜਵਾਨ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ ਏ । ਅਗਲੇਰੀ ਜਾਂਚ ਜਾਰੀ ਏ ।

------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਵਿਧਾਇਕ ਤਰੁਣਪ੍ਰੀਤ ਸਿੰਘ ਸੌਂਦ ਨੇ ਖੰਨਾ ਦੇ ਇੱਕ ਸਰਕਾਰੀ ਸਕੂਲ ਦੇ ਅੰਦਰ ਬਣੀ ਸ਼ੂਟਿੰਗ ਰੇਂਜ ਦਾ ਉਦਘਾਟਨ ਕੀਤਾ । ਰਘਵੀਰ ਸਿੰਘ ਆਜ਼ਾਦੀ ਘੁਲਾਟੀਏ ਪ੍ਰਧਾਨ ਮੰਤਰੀ ਸਰਕਾਰੀ

ਹਾਈ ਸਕੂਲ ਵਿੱਚ ਬਣੀ ਇਹ ਸ਼ੂਟਿੰਗ ਰੇਂਜ ਲੁਧਿਆਣਾ ਜ਼ਿਲ੍ਹੇ ਦੇ ਕਿਸੇ ਵੀ ਸਰਕਾਰੀ ਸਕੂਲ ਵਿੱਚ ਬਣੀ ਪਹਿਲੀ ਸ਼ੂਟਿੰਗ ਰੇਂਜ ਏ । ਪੰਜ ਨਿਸ਼ਾਨਿਆਂ ਵਾਲੀ ਇਸ ਸ਼ੂਟਿੰਗ ਰੇਂਜ 'ਤੇ 5 ਲੱਖ ਰੁਪਏ ਖਰਚ ਕੀਤੇ ਗਏ ਨੇ । ਹਲਕੇ ਦੇ ਪੰਜ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟਾਂ ਦਾ ਵੀ ਉਦਘਾਟਨ ਕੀਤਾ ਗਿਆ, ਜਿਨ੍ਹਾਂ ਵਿੱਚ ਕੁੱਲ 71 ਲੱਖ 15 ਹਜ਼ਾਰ ਰੁਪਏ ਦੀ ਲਾਗਤ ਵਾਲੀ ਇੱਕ ਸ਼ੂਟਿੰਗ ਰੇਂਜ ਵੀ ਸ਼ਾਮਲ ਏ । ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਦੇ ਖਿਡਾਰੀ ਸ਼ੂਟਿੰਗ ਖੇਡ ਵਿੱਚ ਕੌਮਾਂਤਰੀ ਪੱਧਰ 'ਤੇ ਨਾਮ ਕਮਾ ਰਹੇ ਨੇ । ਹੁਣ, ਸਕੂਲ ਪੱਧਰ ਤੋਂ ਇਸ ਖੇਡ ਦੀ ਸਿੱਖਿਆ ਸ਼ੁਰੂ ਕਰਨ ਨਾਲ, ਖਿਡਾਰੀ ਰਾਸ਼ਟਰੀ ਅਤੇ ਕੌਮਾਂਤਰੀ ਪੱਧਰ 'ਤੇ ਹੋਰ ਤਮਗੇ ਜਿੱਤ ਸਕਣਗੇ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਦੀ ਦਿਸ਼ਾ ਅਤੇ ਹਾਲਤ ਨੂੰ ਸੁਧਾਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਏ ।

---------------------------------------------------------------------------

ਫਤਿਹਗੜ੍ਹ ਸਾਹਿਬ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੰਗਾਮੀ ਹਾਲਾਤ ਵਿੱਚ ਅੱਗ ਤੇ ਕਾਬੂ ਪਾਉਣ ਲਈ ਮੌਕ ਡਰਿੱਲ ਕਰਵਾਈ ਗਈ ।ਇਸ ਮੌਕੇ ਫਾਇਰ ਅਫਸਰ ਸਰਹਿੰਦ ਹਰਪ੍ਰੀਤ ਸਿੰਘ ਤੇ ਇੰਦਰਪਾਲ ਸਿੰਘ ਨੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਕਰਮਚਾਰੀਆਂ ਨੂੰ ਅੱਗ

ਬੁਝਾਉਣ ਸਬੰਧੀ ਜਾਣਕਾਰੀ ਦਿੱਤੀ। ਫਾਇਰ ਅਫਸਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ 20 ਅਪ੍ਰੈਲ ਤੱਕ ਫਾਇਰ ਸੇਫਟੀ ਹਫਤਾ ਮਨਾਇਆ ਜਾ ਰਿਹਾ ਏ ਅਤੇ ਇਸ ਹਫਤੇ ਦੌਰਾਨ ਅੱਗ ਤੇ ਕਾਬੂ ਪਾਉਣ ਲਈ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ । ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ, ਤਾਪਮਾਨ ਵਧੇਰੇ ਵੱਧਣ ਕਾਰਨ ਕਈ ਵਾਰ ਕਾਰਾਂ ਤੇ ਦੂਸਰੇ ਵਾਹਨਾਂ ਵਿੱਚ ਅੱਗ ਲੱਗ ਜਾਂਦੀ ਏ ਅਤੇ ਅੱਗ ਬੁਝਾਉਣ ਲਈ ਸਾਰੀਆਂ ਕਾਰਾਂ ਵਿੱਚ ਅੱਗ ਬੁਝਾਊ ਯੰਤਰ ਹੋਣੇ ਜਰੂਰੀ ਨੇ । ਉਨ੍ਹਾਂ ਕਿਹਾ ਕਿ ਅੱਗ ਬੁਝਾਊ ਯੰਤਰਾਂ ਦੀ ਵਰਤੋਂ ਨਾਲ ਅੱਗ ਨੂੰ ਵਧੇਰੇ ਫੈਲਣ ਤੋਂ ਰੋਕ ਕੇ ਹੋਣ ਵਾਲੇ ਨੁਕਸਾਨ ਤੋਂ ਬਚਿਆ ਜਾ ਸਕਦਾ ਏ ।

---

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਹਾਲ ਹੀ 'ਚ ਰਾਸ਼ਟਰਪਤੀ ਨੂੰ ਬਿੱਲਾਂ 'ਤੇ ਫੈਸਲਾ ਲੈਣ ਲਈ ਸਮਾਂ ਹੱਦ ਨਿਰਧਾਰਤ ਕਰਨ ਵਾਲੇ, ਸਰਵਉੱਚ ਅਦਾਲਤ ਦੇ ਫੈਸਲੇ 'ਤੇ ਚਿੰਤਾ ਪ੍ਰਗਟ ਕੀਤੀ ਏ ।
- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ,86ਵੇਂ CRPF ਸਥਾਪਨਾ ਦਿਵਸ ਮੌਕੇ, ਜਵਾਨਾਂ ਦੀ ਬਹਾਦਰੀ ਦੀ ਸ਼ਲਾਘਾ ਕਰਦਿਆਂ ਕਿਹਾ ਉਨ੍ਹਾਂ ਦੀ ਬਹਾਦਰੀ ਦੇਸ਼ ਦੇ ਇਤਿਹਾਸ ਵਿੱਚ ਅਮਰ ਰਹੇਗੀ ।

• ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੰਜਾਬ ਵਿੱਚ 6 ਵੈ
ਟਰਨਰੀ ਪੌਲੀਕਲੀਨਿਕਾਂ ਵਿੱਚ ਆਈ.ਪੀ.ਡੀ. ਸੇਵਾਵਾਂ ਦੀ ਸ਼ੁਰੂਆਤ I

• 9ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਗੁਰਪੁਰ
ਬ ਮੌਕੇ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਗਿਆ ਨਗਰ ਕੀਰ
ਤਨ ਭਲਕੇ ਗੁਰਦੁਆਰਾ ਗੁਰੂ ਕੇ ਮਹਿਲ ਤੋਂ ਹੋਵੇਗੀ 350 ਸਾਲਾ ਸ਼ਤਾ
ਬਦੀ ਸਮਾਗਮਾਂ ਦੀ ਸ਼ੁਰੂਆਤ I

• ਜਲੰਧਰ ਪੁਲਿਸ ਨੇ ਬੀਤੇ ਮਹੀਨੇ ਸ਼ਹਿਰ ਦੇ ਇੱਕ ਸੋਸ਼ਲ ਮੀਡੀ
ਆ ਇੰਫਲੂਐਂਸਰ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਦੇ ਸਬੰਧ ਵਿੱਚ, ਇਕ
ਫੌਜੀ ਜਵਾਨ ਨੂੰ ਕੀਤਾ ਗ੍ਰਿਫ਼ਤਾਰ I

---